# ਪ੍ਰੈਸ ਨੋਟ

ਜਿਲ੍ਹਾ ਪੁਲਿਸ ਵੱਲੋਂ ਨਸ਼ੇ ਖਿਲਾਫ ਵਿੱਢੀ ਸਖਤ ਮੁਹਿੰਮ ਪਿੰਡ ਭੰਗ ਚਿੜੀ ਨੂੰ ਸੀਲ ਕਰ ਸਵੇਰੇ 05 ਤੋਂ 08 ਵਜ਼ੇ ਤੱਕ ਚਲਿਆ ਸਰਚ ਅਭਿਆਨ ਨਸ਼ੇ ਦੇ ਸੁਦਾਗਰਾਂ ਅਤੇ ਸ਼ਰਾਰਤੀ ਅਨਸਰਾਂ ਨੂੰ ਬਖਸ਼ਿਆਂ ਨਹੀਂ ਜਾਵੇਗਾ : ਸ.ਹਰਮਨਬੀਰ ਸਿੰਘ ਗਿੱਲ ਆਈ.ਪੀ.ਐਸ ।

ਸ੍ਰੀ ਮੁਕਤਸਰ ਸਾਹਿਬ ( )ਮਾਨਯੋਗ ਸ.ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਅਤੇ ਸ੍ਰੀ ਗੌਰਵ ਯਾਦਵ ਆਈ.ਪੀ.ਐਸ ਡੀ.ਜੀ.ਪੀ. ਪੰਜਾਬ ਵੱਲੋਂ ਨਸ਼ਿਆਂ ਖਿਲਾਫ ਮੁਹਿੰਮ ਵਿੱਢੀ ਗਈ ਹੈ, ਜਿਸ ਤਹਿਤ ਜਿਲ੍ਹਾ ਪੁਲਿਸ ਮੁੱਖੀ ਸ.ਹਰਮਨਬੀਰ ਸਿੰਘ ਗਿੱਲ ਆਈ.ਪੀ.ਐਸ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਜਿਲ੍ਹਾ ਨੂੰ ਨਸ਼ਾ ਮੁਕਤ ਕਰਨ ਦਾ ਟੀਚਾ ਮਿੱਥਿਆ ਹੋਇਆ ਹੈ, ਜਿਸ ਦੇ ਚਲਦਿਆ ਨਸ਼ੇ ਦੇ ਖਿਲਾਫ ਦਿਨ ਪ੍ਰਤੀ ਦਿਨ ਕਾਰਵਾਈ ਕੀਤੀ ਜਾ ਰਹੀ ਹੈ ਜਿੱਥੇ ਨਸ਼ੇ ਦੇ ਸੁਦਾਗਰਾਂ ਨੂੰ ਫੜ ਕੇ ਉਨ੍ਹਾਂ ਖਿਲਾਫ ਬਣਦੀ ਕਾਰਵਾਈ ਕੀਤੀ ਜਾ ਰਹੀ ਉੱਥੇ ਹੀ ਲੋਕਾਂ ਨੂੰ ਨਸ਼ਿਆਂ ਦੇ ਖਿਲਾਫ ਜਾਗਰੂਕ ਕਰਨ ਲਈ ਪਿੰਡਾ/ਸਹਿਰਾਂ ਅਤੇ ਸਕੂਲਾਂ/ਕਾਲਜਾਂ ਵਿੱਚ ਸੈਮੀਨਰ ਲਗਾਏ ਜਾ ਰਹੇ ਹਨ । ਇਸੇ ਤਹਿਤ ਹੀ ਅੱਜ ਚੜਦੀ ਸਵੇਰ 05 ਵਜ਼ੇ ਵੱਡੀ ਗਿਣਤੀ ਵਿੱਚ ਪੁਲਿਸ ਮੁਲਾਜਮ ਜਿਸ ਦੀ ਅਗਵਾਈ ਸ੍ਰੀ ਕੁਲਵੰਤ ਰਾਏ ਐਸ.ਪੀ. (ਐੱਚ) ਵੱਲੋਂ ਕੀਤੀ ਗਈ ਉਨ੍ਹਾਂ ਦੇ ਨਾਲ ਸ.ਬਲਕਾਰ ਸਿੰਘ ਡੀ.ਐਸ.ਪੀ ਮਲੋਟ, ਇਸਪੈਕਟਰ ਬਲਵੰਤ ਸਿੰਘ ਮੁੱਖ ਅਫਸਰ ਥਾਣਾ ਕਬਰਵਾਲਾ, ਇੰਸਪੈਕਟਰ ਮਲਕੀਤ ਸਿੰਘ ਮੁੱਖ ਅਫਸਰ ਥਾਣਾ ਲੱਖੇਵਾਲੀ ਸਮੇਤ ਕੁੱਲ 100 ਦੇ ਕ੍ਰੀਬ ਪੁਲਿਸ ਕ੍ਰਮਚਾਰੀਆਂ ਵੱਲੋਂ ਵੱਖ ਵੱਖ ਟੀਮਾਂ ਬਣਾ ਕੇ ਪਿੰਡ ਭੰਗ ਚਿੜੀ ਨੂੰ ਸੀਲ ਕਰਕੇ ਇੱਕ ਵਿਉਂਤ ਬੰਦੀ ਨਾਲ ਸਰਚ ਕੀਤਾ ਗਿਆ। ਇਸ ਮੌਕੇ ਐਸ.ਪੀ ਕੁਲਵੰਤ ਰਾਏ ਜੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪਿੰਡ ਭੰਗ ਚਿੜੀ ਵਿੱਚ ਸਾਨੂੰ ਕੁਝ ਦਿਨਾਂ ਤੋਂ ਸ਼ਕਾਇਤਾ ਮਿਲ ਰਹੀਆ ਸਨ ਜਿਸ ਦੇ ਤਹਿਤ ਪੁਲਿਸ ਵੱਲੋਂ ਕਾਰਵਾਈ ਕਰਦੇ ਹੋਏ ਪੂਰੇ ਪਿੰਡ ਨੂੰ ਸੀਲ਼ ਕਰਕੇ ਪਿੰਡ ਤੋਂ ਅੰਦਰ ਅਤੇ ਬਾਹਰ ਜਾਣ ਵਾਲੇ ਰਸਤਿਆ ਨੇ ਨਾਕਾ ਬੰਦੀ ਕੀਤੀ ਗਈ ਅਤੇ ਪਿੰਡ ਦੇ ਮੋਹਿਤਵਾਰ ਵਿਅਕਤੀਆਂ ਨੂੰ ਨਾਲ ਲੈ ਕੇ ਸ਼ੱਕੀ ਵਿਅਕਤੀਆਂ ਦੇ ਘਰਾਂ ਵਿੱਚ ਤਲਾਸ਼ੀ ਮੁਹਿੰਮ ਚਲਾਈ ਗਈ। ਤਲਾਸ਼ੀ ਦੌਰਾਨ ਸ਼ੱਕੀ ਵਿਅਕਤੀਆਂ ਦੇ ਘਰਾ ਵਿੱਚ ਖੜੇ ਵਹੀਕਲਾਂ ਦੇ ਕਾਗਜਾਤ ਵੀ ਚੈੱਕ ਕੀਤੇ ਗਏ । ਉਨ੍ਹਾਂ ਦੱਸਿਆਂ ਇਸ ਤਲਾਸ਼ੀ ਮੁਹਿਮ ਤਹਿਤ 40 ਨਸ਼ੀਲੀਆ ਗੋਲੀਆਂ, 3.500 ਕਿਲੋ ਗ੍ਰਾਮ ਪੋਸਤ, 52 ਅਧੀਆ ਵੋਦਕਾ ਨਜ਼ਾਇਜ਼ ਸ਼ਰਾਬ ਅਤੇ 107 ਬੋਤਲਾ ਨਜ਼ਾਇਜ਼ ਸ਼ਰਾਬ ਬ੍ਰਾਮਦ ਕਰ 05 ਵਿਅਕਤੀਆ ਖਿਲਾਫ ਕਾਰਵਾਈ ਕੀਤੀ ਜਾ ਰਹੀ ਹੈ । ਉਨ੍ਹਾ ਕਿਹਾ ਕਿ ਨਸ਼ਿਆਂ ਖਿਲਾਫ ਕਾਰਵਾਈ ਇਸੇ ਤਰਾਂ ਜਾਰੀ ਰਹੇਗੀ।

ਐਸ.ਪੀ. ਕੁਲਵੰਤ ਰਾਏ ਜੀ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਲੋਕ ਪੁਲਿਸ ਨੂੰ ਸਹਿਯੋਗ ਦੇਣ ਅਤੇ ਜੇਕਰ ਤੁਸੀ ਕੋਈ ਜਾਣਕਾਰੀ ਸਾਡੇ ਨਾਲ ਸਾਂਝੀ ਕਰਨਾ ਚਾਹੁੰਦੇ ਹੋ ਤਾਂ ਤੁਸੀ ਸਾਡੇ ਹੈਲਪ ਲਾਇਨ ਨੰਬਰ 80549-42100, 112 ਤੇ ਦੇ ਸਕਦੇ ਹੋ ਜਾਣਕਾਰੀ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ।